# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

**18:20**

**ਮਿਤੀ :11-09-2026**

- **ਸਮਾਜਿਕ ਨਿਆਂ ਤੇ ਅਧਿਕਾਰਾਂ ਬਾਰੇ ਕੇਂਦਰੀ ਰਾਜ ਮੰਤਰੀ ਰਾਮਦਾਸ ਅਠਾਵਲੇ ਨੇ ਕਿਹਾ ਏ ਕਿ ਉਨ੍ਹਾਂ ਦੀ ਪਾਰਟੀ ਪੰਜਾਬ ਅੰਦਰ ਅਕਾਲੀ-ਭਾਜਪਾ ਗਠਜੋੜ ਨਾਲ ਰਲ ਕੇ ਚੋਣਾ ਲੜਨ ਲਈ ਤਿਆਰ ਏ ।**
- **ਭਾਰਤੀ ਜਨਤਾ ਪਾਰਟੀ, ਪੰਜਾਬ ਵਲੋਂ ਨਸ਼ਿਆਂ ਦੇ ਖਾਤਮੇ ਲਈ ਰਾਜ ਵਿਆਪੀ "ਨਸ਼ਾ ਮੁਕਤ ਪੰਜਾਬ ਯਾਤਰਾਵਾਂ" 18 ਸਿਤੰਬਰ ਤੋਂ ।**
- **ਪੰਜਾਬ ਸਰਕਾਰ ਵੱਲੋਂ ਪੱਟੀਦਰਜ ਜਾਤਾਂ ਦੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਵਜੋਂ ਅਕਾਦਮਿਕ ਸੈਸ਼ਨ 2025-26 ਲਈ ਡਾ. ਅੰਬੇਡਕਰ ਸਕਾਲਰਸ਼ਿਪ**

ਪੋਰਟਲ ਨੂੰ 17 ਸਤੰਬਰ, ਤੱਕ, ਦੁਬਾਰਾ ਖੋਲ੍ਹ ਦਿੱਤਾ ਗਿਆ ਏ ।

- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ, ਸੂਬੇ ਦੇ ਕਰੀਬ 2 ਲੱਖ ਹੋਰ ਕਾਰਡ ਜਲਦ ਉਪਲੱਬਧ ਹੋਣ ਦੀ ਉਮੀਦ, 31 ਲੱਖ ਕਾਰਡ ਪਹਿਲਾਂ ਹੀ ਜ਼ਿਲ੍ਹਿਆਂ ਵਿੱਚ ਉਪਲੱਬਧ.
- ਜੂਨੀਅਰ ਏਸ਼ੀਆ ਕੱਪ ਹਾਕੀ ਵਿੱਚ, ਭਾਰਤ ਦੀ ਮਰਦਾਂ ਦੀ ਟੀਮ, ਪਹਿਲੇ ਸੈਮੀਫਾਈਨਲ ਵਿੱਚ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ.

-----------------------------------------------------

ਸਮਾਜਿਕ ਨਿਆਂ ਤੇ ਅਧਿਕਾਰਾਂ ਬਾਰੇ ਕੇਂਦਰੀ ਰਾਜ ਮੰਤਰੀ ਰਾਮਦਾਸ ਅਠਾਵਲੇ ਨੇ ਕਿਹਾ ਏ ਕਿ ਪੰਜਾਬ ਅੰਦਰ ਅਕਾਲੀ-ਭਾਜਪਾ ਗਠਜੋੜ ਹੋਣਾ ਚਾਹੀਦਾ ਏ ਅਤੇ ਉਨ੍ਹਾਂ ਦੀ ਪਾਰਟੀ ਦੋਵੇਂ ਧਿਰਾਂ ਨਾਲ ਰਲ ਕੇ ਚੋਣਾਂ ਲੜਨ ਲਈ ਤਿਆਰ ਏ । ਸ੍ਰੀ ਅਠਾਵਲੇ ਨੇ ਅੱਜ ਲੁਧਿਆਣਾ ਵਿਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਉਂਦੀਆਂ ਪੰਜਾਬ ਵਿਧਾਨਸਭਾ ਚੋਣਾਂ 'ਚ ਭਾਰਤੀ ਜਨਤਾ

ਪਾਰਟੀ ਤੇ ਸ਼ਿਰੋਮਣੀ ਅਕਾਲੀ ਦਲ, ਦੋਵਾਂ ਨੂੰ ਹਥ ਮਿਲਾ ਲੈਣਾ ਚਾਹੀਦਾ ਏ. ਓਹਨਾਂ ਕਿਹਾ ਕਿ ਓਹਨਾਂ ਦੀ ਪਾਰਟੀ Republican Party of India ਇਹਨਾਂ ਦੋਵਾਂ ਪਾਰਟੀਆਂ ਨੂੰ ਹਮਾਇਤ ਦਏਗੀ. ਉਨ੍ਹਾਂ ਨੇ ਕਿਹਾ ਕਿ ਸੂਬੇ ਅੰਦਰ ਅਕਾਲੀ - ਭਾਜਪਾ ਗਠਜੋੜ ਵਿਚ ਸ਼ਾਮਿਲ ਹੋ ਕੇ ਪਾਰਟੀ ਅਹਿਮ ਭੂਮਿਕਾ ਨਿਭਾਅ ਸਕਦੀ ਏ-

:BYTE- ATHAVALE - on COALITION

ਉਨ੍ਹਾਂ ਨੇ ਲੁਧਿਆਣਾ ਵਿਚ ਬੀਤੇ ਦਿਨੀਂ ਸੰਵਿਧਾਨ ਨਿਰਮਾਤਾ ਡਾ. ਬੀ.ਆਰ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਦੀ ਵੀ ਨਿਖੇਧੀ ਕਰਦਿਆਂ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਏ । ਪਹਿਲਾਂ ਮੰਤਰੀ ਨੇ ਲੁਧਿਆਣਾ ਜਾਣ ਤੋਂ ਪਹਿਲਾਂ ਜਲੰਧਰ'ਚ ਡੇਰਾ ਸਚਖੰਡ ਬੱਲਾਂ ਵਿਖੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਮਹਾਰਾਜ ਨਾਲ ਮੁਲਾਕਾਤ ਕੀਤੀ.

ਓਹਨਾਂ ਕਿਹਾ BYTE- ATHAVALE -

---------------------------------------------------------

ਭਾਰਤੀ ਜਨਤਾ ਪਾਰਟੀ, ਪੰਜਾਬ " ਭਾਜਪਾ ਦਾ ਨਾਰਾ, ਨਸ਼ਾ ਮੁਕਾਉਣਾ ਸਾਰਾ " ਦੇ ਨਾਅਰੇ ਨਾਲ ਰਾਜ ਵਿਆਪੀ "ਨਸ਼ਾ

**ਮੁਕਤ ਪੰਜਾਬ ਯਾਤਰਾਵਾਂ" ਸ਼ੁਰੂ ਕਰ ਰਹੀ ਏ. 18 ਸਤੰਬਰ ਤੋਂ ਚਾਰ ਪੜਾਵਾਂ ਵਿੱਚ ਸ਼ੁਰੂ ਹੋ ਰਹੀ ਇਹ ਯਾਤਰਾ 13 ਦਿਨਾਂ ਤੱਕ ਜਾਰੀ ਰਹੇਗੀ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਇੱਕ ਵਿਸ਼ਾਲ ਲੋਕ  ਲਹਿਰ ਵਿੱਚ ਬਦਲਣ ਲਈ ਸਾਰੇ 117 ਵਿਧਾਨ ਸਭਾ ਹਲਕਿਆਂ ਦੇ ਲੋਕਾਂ ਨੂੰ ਇਕਜੁੱਟ  ਕਰੇਗੀ । ਇਹ ਐਲਾਨ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ. ਵੇਰਵਾ ਸਾਡੇ ਪੱਤਰਕਾਰ ਤੋਂ -**

**v/ c**

*ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ 18 ਸਤੰਬਰ ਨੂੰ ਪਠਾਨਕੋਟ ਜ਼ਿਲ੍ਹੇ ਦੇ ਏਕਤਾ ਸਥਲ, ਮਾਧੋਪੁਰ ਤੋਂ ਚਾਰਾਂ ਵਿਚੋਂ ਪਹਿਲੀ ਯਾਤਰਾ ਨੂੰ ਝੰਡੀ ਦਿਖਾ ਕੇ ਰਵਾਨਾ ਕਰਨਗੇ। ਇਹ ਚਾਰੋਂ yatravan 30 ਸਤੰਬਰ ਨੂੰ ਜਲੰਧਰ ਵਿਖੇ ਸਮਾਪਤ ਹੋਣਗੀਆਂ ।*

*:ਢਿੱਲੋਂ ਬਾਈਟ:*

*ਢਿੱਲੋਂ ਨੇ ਕਿਹਾ ਕਿ ਇਹ ਯਾਤਰਾ ਅੱਜ ਪੰਜਾਬ ਦੇ ਸਾਹਮਣੇ ਤਿੰਨ ਵੱਡੀਆਂ ਚੁਣੌਤੀਆਂ 'ਤੇ ਕੇਂਦ੍ਰਿਤ ਹੋਵੇਗੀ  ਜਿਨ੍ਹਾਂ ਵਿਚ  ਵੱਧ ਰਹੇ ਨਸ਼ਿਆਂ ਦੇ ਖਤਰੇ, ਵਿਗੜਦੀ  ਕਾਨੂੰਨ ਵਿਵਸਥਾ ਅਤੇ ਸ਼ਾਸਨ ਦੇ ਹਰ ਪੱਧਰ 'ਤੇ, ਉੱਪਰ ਤੋਂ ਹੇਠਾਂ ਤੱਕ, ਭ੍ਰਿਸ਼ਟਾਚਾਰ ਸ਼ਮਿਲ ਨੇ । ਢਿੱਲੋਂ ਨੇ ਕਿਹਾ ਕਿ ਇਹ ਸਿਰਫ਼ ਨਸ਼ਾ ਵਿਰੋਧੀ ਜਾਗਰੂਕਤਾ ਯਾਤਰਾ ਨਹੀਂ ਹੈ, ਸਗੋਂ ਨਸ਼ਿਆਂ ਵਲੋਂ ਪੰਜਾਬੀਅਤ, ਸਾਡੇ ਸੱਭਿਆਚਾਰ, ਕਦਰਾਂ-ਕੀਮਤਾਂ, ਹਿੰਮਤ ਅਤੇ ਗੁਰੂਆਂ ਦੀ ਧਰਤੀ ਦੀ ਮਾਣਮੱਤੀ ਪਛਾਣ ਨੂੰ ਬਰਕਰਾਰ ਰੱਖਣ ਲਈ ਹਨ ਗੰਭੀਰ ਖ਼ਤਰਿਆਂ ਦਾ ਸਾਹਮਣਾ ਕਰਨ ਦੀ ਕੋਸ਼ਿਸ਼ ਹੈ।*

*ਪਾਰਟੀ ਦੇ ਰਾਸ਼ਟਰੀ ਉਪ ਪ੍ਰਧਾਨ ਮਨਪ੍ਰੀਤ ਬਾਦਲ ਨੇ ਕਿਹਾ ਕਿ ਨਸ਼ਿਆਂ ਦਾ ਖ਼ਤਰਾ ਨਾ ਸਿਰਫ਼ ਇੱਕ ਮਨੁੱਖੀ ਦੁਖਾਂਤ ਹੈ, ਸਗੋਂ ਰਾਸ਼ਟਰੀ ਸੁਰੱਖਿਆ ਲਈ ਵੀ ਚਿੰਤਾ ਦਾ ਵਿਸ਼ਾ ਹੈ।*

*:ਬਾਦਲ ਬਾਈਟ:*

*ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਸਾਬਕਾ ਸੂਬਾ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਵੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। <>*

*ਰਾਜੇਸ਼ ਬਾਲੀ, ਆਕਾਸ਼ਵਾਣੀ ਖ਼ਬਰਾਂ, ਜਲੰਧਰ*

**---------------------------------------------------------------**

**ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਯੁੱਧ ਨਸ਼ਿਆਂ ਵਿਰੁੱਧ ਨੂੰ, ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਫੈਸਲਾਕੁੰਨ ਜੰਗ ਕਰਾਰ ਦਿੱਤਾ ਏ, ਜਿਸ ਦੌਰਾਨ 551 ਦਿਨਾਂ ਦੀ ਮੁਹਿੰਮ ਦੌਰਾਨ 76 ਹਜ਼ਾਰ ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਨੇ. ਪੰਜਾਬ ਪੁਲਿਸ ਅਕੈਡਮੀ, ਫਿਲੌਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਟੀਮ ਦੇ ਰਾਜ ਭਰ ਤੋਂ ਇਕੱਠੇ ਹੋਏ 500 ਤੋਂ ਵੱਧ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਇਸ ਮੁਹਿੰਮ ਨੇ ਸੂਬੇ ਵਿੱਚ ਨਸ਼ਿਆਂ ਦੇ ਨੈੱਟਵਰਕ ਦੀ ਰੀੜ੍ਹ ਤੋੜ ਕੇ ਨਸ਼ਿਆਂ ਦੇ ਖ਼ਤਰੇ ਨਾਲ ਨਜਿੱਠਣ ਵਿੱਚ ਸ਼ਾਨਦਾਰ ਕੰਮ ਕੀਤਾ ਏ। ਮੰਤਰੀ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਹੁਣ ਆਪਣੇ ਆਖਰੀ ਪੜਾਅ ਵਿੱਚ ਦਾਖਿਲ ਹੋ ਰਿਹਾ ਏ। ਅਗਲੇ ਇੱਕ ਮਹੀਨੇ ਦੌਰਾਨ, 500 ਤੋਂ ਵੱਧ ਟੀਮ ਮੈਂਬਰ ਹਰ ਪਿੰਡ ਅਤੇ**

ਵਾਰਡ ਦਾ ਦੌਰਾ ਕਰਕੇ ਵਸਨੀਕਾਂ ਨਾਲ ਗੱਲਬਾਤ ਕਰਨਗੇ ਅਤੇ ਨਸ਼ਿਆਂ ਦੇ ਖ਼ਤਰੇ ਵਿਰੁੱਧ ਲੜਾਈ ਵਿੱਚ ਹੋਈ ਪ੍ਰਗਤੀ ਬਾਰੇ ਚਰਚਾ ਕਰਨਗੇ । <><>

-----------------------------------------------------

ਪੱਟੀਦਰਜ ਜਾਤਾਂ ਦੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਦਿੰਦਿਆਂ ਸੂਬੇ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਏ ਕਿ ਅਕਾਦਮਿਕ ਸੈਸ਼ਨ 2025-26 ਲਈ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ 17 ਸਤੰਬਰ, ਤੱਕ ਦੁਬਾਰਾ ਖੋਲ੍ਹ ਦਿੱਤਾ ਗਿਆ ਏ । ਇਹ ਵੱਖ-ਵੱਖ ਪੱਧਰਾਂ 'ਤੇ ਬਕਾਇਆ ਪਏ ਨਵੇਂ ਅਤੇ ਨਵਿਆਉਣ ਦੇ ਸਕਾਲਰਸ਼ਿਪ ਕੇਸਾਂ ਦੀ ਤਸਦੀਕ ਮੁਕੰਮਲ ਕਰਨ ਦਾ ਇੱਕ ਆਖਰੀ ਮੌਕਾ ਏ । ਕੈਬਨਿਟ ਮੰਤਰੀ ਨੇ ਵਿਦਿਆਰਥੀਆਂ, ਵਿਦਿਅਕ ਅਦਾਰਿਆਂ, ਮਨਜ਼ੂਰੀ ਦੇਣ ਵਾਲੀਆਂ ਅਥਾਰਟੀਆਂ ਅਤੇ ਸਬੰਧਿਤ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਇਸ ਨਵੀਂ ਸਮਾਂ-ਸੀਮਾ ਨੂੰ ਪੂਰੀ ਗੰਭੀਰਤਾ

ਨਾਲ ਲੈਣ ਅਤੇ ਦਿੱਤੇ ਸਮੇਂ ਦੇ ਅੰਦਰ-ਅੰਦਰ ਸਾਰੀਆਂ ਕਾਰਵਾਈਆਂ ਪੂਰੀਆਂ ਕਰਨ ।

---------------------------------------------------------

ਪੰਜਾਬ ਵਿੱਚ ਸੂਬਾ ਸਰਕਾਰ ਵੱਲੋਂ, ਮੁੱਖ ਮੰਤਰੀ ਸਿਹਤ ਯੋਜਨਾ ਕਾਰਡਾਂ ਦੇ ਸਾਰੇ ਯੋਗ ਲਾਭਪਾਤਰੀਆਂ ਨੂੰ ਇਸ ਯੋਜਨਾ ਦੇ ਘੇਰੇ ਵਿੱਚ ਲਿਆਉਣ ਦੇ ਉਪਰਾਲਿਆਂ ਤਹਿਤ ਜਲਦ ਹੀ ਜ਼ਿਲ੍ਹਿਆਂ ਵਿੱਚ ਕਰੀਬ 33 ਲੱਖ ਕਾਰਡ ਉਪਲਬਧ ਹੋਣ ਦੀ ਉਮੀਦ ਏ. ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਕਰੀਬ 31 ਲੱਖ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਪਹਿਲਾਂ ਹੀ ਜ਼ਿਲ੍ਹਿਆਂ ਵਿੱਚ ਉਪਲੱਬਧ ਕਰਵਾਏ ਜਾ ਚੁੱਕੇ ਨੇ, ਜਦਕਿ ਕਰੀਬ 2 ਲੱਖ ਹੋਰ ਕਾਰਡ ਜਲਦ ਉਪਲੱਬਧ ਹੋਣ ਦੀ ਉਮੀਦ ਏ । ਸਰਕਾਰ ਵੱਲੋਂ ਕਰੀਬ 2 ਹਜ਼ਾਰ ਤੋਂ ਵੱਧ ਪਿੰਡਾਂ ਅਤੇ ਵਾਰਡਾਂ ਦੀ ਪਛਾਣ ਕੀਤੀ ਗਈ ਏ, ਤਾਂ ਜੋ ਕਾਰਡ ਵੰਡ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾ ਸਕੇ ਅਤੇ ਲਾਭਪਾਤਰੀਆਂ ਨੂੰ ਆਪਣੇ ਖੇਤਰ ਵਿੱਚ ਹੀ ਕਾਰਡ ਪ੍ਰਾਪਤ ਕਰਨ ਦੀ ਸਹੂਲਤ ਮਿਲ ਸਕੇ ।

-----------------------------------------------------

ਗੜ੍ਹਸ਼ੰਕਰ-ਹੁਸ਼ਿਆਰਪੁਰ ਸੜਕ ’ਤੇ ਸੈਲਾ ਖੁਰਦ ਦੀ ਅਨਾਜ ਮੰਡੀ ਨੇੜੇ ਕੱਲ੍ਹ ਦੇਰ ਸ਼ਾਮ ਇੱਕ ਟਰਾਲੇ ਦੀ ਲਪੇਟ ਵਿੱਚ ਆਉਣ ਕਾਰਨ ਮੋਟਰਸਾਈਕਲ ਸਵਾਰ 2 ਵਿਅਕਤੀਆਂ ਦੀ ਮੌਕੇ ’ਤੇ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਦਿਲਬਾਗ ਸਿੰਘ ਵਾਸੀ ਰਾਏਪੁਰ ਗੁੱਜਰਾਂ ਅਤੇ ਸ਼ਕਤੀ ਸਿੰਘ ਵਾਸੀ ਕਿਤਣਾ ਵਜੋਂ ਹੋਈ ਏ। ਚਸ਼ਮਦੀਦਾਂ ਮੁਤਾਬਿਕ ਪੁਲਿਸ ਕਰੀਬ ਅੱਧੇ ਘੰਟੇ ਬਾਅਦ ਮੌਕੇ ’ਤੇ ਪਹੁੰਚੀ, ਜਦਕਿ ਐਂਬੂਲੈਂਸ ਇਸ ਤੋਂ ਕਾਫੀ ਦੇਰ ਬਾਅਦ ਪਹੁੰਚੀ। ਪੁਲਿਸ ਨੇ ਟਰਾਲਾ ਕਬਜ਼ੇ ਵਿੱਚ ਲੈ ਕੇ ਤਫ਼ਤੀਸ਼ ਸ਼ੁਰੂ ਕਰ ਦਿੱਤੀ ਏ।

-----------------------------------------------------------------------

ਜੂਨੀਅਰ ਏਸ਼ੀਆ ਕੱਪ ਹਾਕੀ ਵਿੱਚ, ਚੀਨ ਦੇ ਮੋਕੀ ਵਿੱਚ ਭਾਰਤ ਦੀ ਮਰਦਾਂ ਦੀ ਟੀਮ ਨੇ ਅੱਜ ਪਹਿਲੇ ਸੈਮੀਫਾਈਨਲ ਵਿੱਚ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿੱਚ ਥਾਂ ਬਣਾਈ। ਭਾਰਤੀ ਕਪਤਾਨ ਅਨਮੋਲ ਏਕਾ ਨੇ ਦੋ ਗੋਲ ਕੀਤੇ

ਜਦੋਂ ਕਿ ਸੁਖਵਿੰਦਰ ਨੇ ਇੱਕ ਗੋਲ ਕੀਤਾ। ਭਾਰਤ ਦੀ ਔਰਤਾਂ ਦੀ ਜੂਨੀਅਰ ਟੀਮ ਕੱਲ੍ਹ ਸੈਮੀਫਾਈਨਲ ਵਿੱਚ ਦੱਖਣੀ ਕੋਰੀਆ ਦਾ ਸਾਹਮਣਾ ਕਰੇਗੀ।

---------------------------------------------------------------------

- ਸਮਾਜਿਕ ਨਿਆਂ ਤੇ ਅਧਿਕਾਰਾਂ ਬਾਰੇ ਕੇਂਦਰੀ ਰਾਜ ਮੰਤਰੀ ਰਾਮਦਾਸ ਅਠਾਵਲੇ ਨੇ ਕਿਹਾ ਏ ਕਿ ਉਨ੍ਹਾਂ ਦੀ ਪਾਰਟੀ ਪੰਜਾਬ ਅੰਦਰ ਅਕਾਲੀ-ਭਾਜਪਾ ਗਠਜੋੜ ਨਾਲ ਰਲ ਕੇ ਚੋਣਾ ਲੜਨ ਲਈ ਤਿਆਰ ਏ।
- ਭਾਰਤੀ ਜਨਤਾ ਪਾਰਟੀ, ਪੰਜਾਬ ਵਲੋਂ ਨਸ਼ਿਆਂ ਦੇ ਖਾਤਮੇ ਲਈ ਰਾਜ ਵਿਆਪੀ "ਨਸ਼ਾ ਮੁਕਤ ਪੰਜਾਬ ਯਾਤਰਾਵਾਂ" 18 ਸਿਤੰਬਰ ਤੋਂ।
- ਪੰਜਾਬ ਸਰਕਾਰ ਵੱਲੋਂ ਪੱਟੀਦਰਜ ਜਾਤਾਂ ਦੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਵਜੋਂ ਅਕਾਦਮਿਕ ਸੈਸ਼ਨ 2025-26 ਲਈ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ 17 ਸਤੰਬਰ, ਤੱਕ, ਦੁਬਾਰਾ ਖੋਲ੍ਹ ਦਿੱਤਾ ਗਿਆ ਏ।

- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ, ਸੂਬੇ ਦੇ ਕਰੀਬ 2 ਲੱਖ ਹੋਰ ਕਾਰਡ ਜਲਦ ਉਪਲੱਬਧ ਹੋਣ ਦੀ ਉਮੀਦ, 31 ਲੱਖ ਕਾਰਡ ਪਹਿਲਾਂ ਹੀ ਜ਼ਿਲ੍ਹਿਆਂ ਵਿੱਚ ਉਪਲੱਬਧ.
- ਜੂਨੀਅਰ ਏਸ਼ੀਆ ਕੱਪ ਹਾਕੀ ਵਿੱਚ, ਭਾਰਤ ਦੀ ਮਰਦਾਂ ਦੀ ਟੀਮ, ਪਹਿਲੇ ਸੈਮੀਫਾਈਨਲ ਵਿੱਚ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ.

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਸ਼ਾਮ ਸਾਢੇ 7 ਵਜੇ ਹੋਏਗਾ.

ਨਮਸ੍ਕਾਰ